8-Dec.-Page-BNL.qxd 08-Dec-24 9:23 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ 10 **ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਮਾਤਾ ਗੁਜਰੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਧਨੌਲਾ ਦਾ ਸਾਲਾਨਾ ਇਨਾਮ ਵੰਡ ਹੋਇਆ

ਧਨੌਲਾ, 8 ਦਸੰਬਰ (ਜਤਿੰਦਰ ਸਿੰਘ ਧਨੌਲਾ)- ਮਾਤਾ ਗੁਜਰੀ ਪਬਲਿਕ ਸਕੂਲ ਧਨੌਲਾ ਵਿਚ ਸਕੂਲ ਦਾ ਸਾਲਾਨਾ ਸਮਾਰੋਹ ਬੜੇ ਹੀ ਸ਼ਾਨਦਾਰ ਢੰਗ ਨਾਲ ਕਰਵਾਇਆ ਗਿਆ। ਸਮਾਰੋਹ ਦੀ ਅਗਵਾਈ ਸਕੂਲ ਦੇ ਚੇਅਰਮੈਨ ਬਿਕਰਮਜੀਤ ਸਿੰਘ ਵਾਲੀਆ ਅਤੇ ਪ੍ਰਿੰਸੀਪਲ ਵਰੁਣਦੀਪ ਕੌਰ ਵਾਲੀਆ ਨੇ ਕੀਤੀ। ਪ੍ਰਿੰਸੀਪਲ ਵਾਲੀਆ ਨੇ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਸਕੂਲ ਦੀਆਂ ਉਪਲਬਧੀਆਂ ਤੇ ਅਗਲੇ ਸਾਲ ਦੇ ਟੀਚਿਆਂ ਨੂੰ ਸਾਂਝਾ ਕੀਤਾ। ਸਮਾਰੋਹ ਦੌਰਾਨ ਵਿਦਿਆਰਥੀ ਅਤੇ ਵਿਦਿਆਰਥਣਾਂ ਵਲੋਂ ਬਹੁਤ ਹੀ ਮਿਹਨਤ ਨਾਲ ਤਿਆਰ ਕੀਤੇ ਗਏ ਸੱਭਿਆਚਾਰਕ ਵੰਨਗੀਆਂ ਵਿਚ ਲਬਰੇਜ਼ ਰੰਗਾਰੰਗ ਪ੍ਰੋਗਰਾਮਾਂ ਦੀ ਲੜੀ ਪੇਸ਼ ਕੀਤੀ ਗਈ। ਸਮਾਗਮ ਦੌਰਾਨ ਬੱਚਿਆਂ ਦੇ ਸੋਲੋ ਡਾਂਸ ਤੇ ਭੰਗੜੇ ਦੀ ਤਿਆਰੀ ਅਧਿਆਪਕ ਰਾਗਵਰਾਨਾ ਦੀ ਅਗਵਾਈ ਹੇਠ ਕੀਤੀ ਗਈ ਜਿਹੜੀ ਕਿ ਬੜੀ ਹੀ ਸ਼ਾਨਦਾਰ ਢੰਗ ਨਾਲ ਪੇਸ਼ ਕੀਤੇ ਗਏ। ਵਿਦਿਆਰਥੀਆਂ ਦੀਆਂ ਉਤਸ਼ਾਹ ਭਰੀਆਂ ਪ੍ਰਸਤੁਤੀਆਂ ਨੇ ਸਭ ਨੂੰ ਪ੍ਰਭਾਵਿਤ ਕੀਤਾ। ਕੁੜੀਆਂ ਦੇ ਗਿੱਧੇ ਦੀ ਤਿਆਰੀ ਸੁਖਪ੍ਰੀਤ ਕੌਰ ਨੇ ਕਰਵਾਈ ਜਿਸ ਦੀ ਪੇਸ਼ਕਾਰੀ ਨੇ ਪੰਜਾਬੀ ਸਭਿਆਚਾਰ ਦੇ ਨਿਖਾਰ ਨੂੰ ਖ਼ੂਬਸੂਰਤ ਢੰਗ ਨਾਲ ਪੇਸ਼ ਕੀਤਾ। ਉੱਘੇ ਕਲਾਕਾਰ ਅਤੇ ਅਧਿਆਪਕ ਕੇਸਰ ਕਸਤੂਰੀ ਦੀ ਰਹਿਨੁਮਾਈ ਹੇਠ ਤਿਆਰ ਨਾਟਕ ਪੰਜਾਬੀ ਸਭਿਆਚਾਰ ਦੀ ਮਹਾਨਤਾ ਦੇ ਸੰਦਰਭ ਵਿਚ ਪੇਸ਼ ਕੀਤਾ ਗਿਆ ਜਿਸ ਨੂੰ ਦੇਖ ਕੇ ਸਰੋਤੇ ਅਸ਼-ਅਸ਼ ਕਰ ਉੱਠੇ। ਸਮਾਗਮ ਦੌਰਾਨ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਵਲੋਂ ਪੇਸ਼ ਕੀਤਾ ਗਿਆ ਭੰਗੜਾ ਅਤੇ ਗਿੱਧਾ ਸਮਾਗਮ ਦੀ ਸਿਖਰ ਹੋ ਨਿੱਬੜੇ। ਪ੍ਰੋਗਰਾਮ ਕੋਆਰਡੀਨੇਟਰ ਸ੍ਰੀ ਅਵਤਾਰ ਸਿੰਘ ਗੋਗੀ ਭੱਠਲ ਦੀ ਯੋਗ ਰਹਿਨੁਮਾਈ ਹੇਠ ਸਮਾਗਮ ਤੇ ਸਮੁੱਚੇ ਪ੍ਰਬੰਧਾਂ ਨੂੰ ਬੜੇ ਹੀ ਸੁਚੱਜੇ ਢੰਗ ਨਾਲ ਸ਼ਿੰਗਾਰਿਆ ਗਿਆ ਜਿਸ ਨੇ ਪ੍ਰੋਗਰਾਮ ਦੇ ਪ੍ਰਬੰਧਨ ਨੂੰ ਸਫਲ ਬਣਾਉਣ ਵਿਚ ਅਹਿਮ ਭੂਮਿਕਾ ਨਿਭਾਈ। ਸੀਨੀਅਰ ਅਧਿਆਪਕ ਮੈਡਮ ਨਵਜੋਤ ਕੌਰ, ਵੀਰਪਾਲ ਕੌਰ, ਬਵਨਦੀਪ ਕੌਰ ਤੋਂ ਇਲਾਵਾ ਸਮੁੱਚੇ ਅਧਿਆਪਕਾਂ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਖ਼ਤ ਮਿਹਨਤ ਕੀਤੀ। ਪ੍ਰਬੰਧਕਾਂ ਵਲੋਂ ਸਮਾਰੋਹ ਵਿਚ ਸ਼ਾਮਿਲ ਬੱਚਿਆਂ ਤੇ ਮਹਿਮਾਨਾਂ ਲਈ ਦੁਪਹਿਰ ਦਾ ਸ਼ਾਨਦਾਰ ਖਾਣਾ ਤਿਆਰ ਕੀਤਾ ਗਿਆ ਜਿਸ ਦੀ ਚੁਫੇਰਿਓਂ ਬੇਹੱਦ ਸਰਾਹੁਣਾ ਕੀਤੀ ਗਈ। ਸਟੇਜ ਸੰਚਾਲਨ ਜਸਪ੍ਰੀਤ ਕੌਰ ਨੇ ਬਾਖ਼ੂਬੀ ਨਿਭਾਇਆ ਜਿਨ੍ਹਾਂ ਦੀ ਪੇਸ਼ਕਾਰੀ ਨੇ ਸਮਾਗਮ ਦੀ ਸਫਲਤਾ ਨੂੰ ਚਾਰ ਚੰਨ ਲਾਏ। ਪ੍ਰਿੰਸੀਪਲ ਸ੍ਰੀਮਤੀ ਵਰੁਣਦੀਪ ਕੌਰ ਵਾਲੀਆ ਨੇ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਲਈ ਹੋਰ ਸਖ਼ਤ ਮਿਹਨਤ ਕਰਨ ਅਤੇ ਦ੍ਰਿੜ ਨਿਸ਼ਚੇ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਭਾਗ ਲੈਣ ਵਾਲੇ ਕਲਾਕਾਰ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਡਾਇਰੈਕਟਰ ਬਿਕਰਮਜੀਤ ਸਿੰਘ ਵਾਲੀਆ ਤੇ ਪ੍ਰਿੰਸੀਪਲ ਵਰੁਣਦੀਪ ਕੌਰ ਵਾਲੀਆ। ਤਸਵੀਰ : ਜਤਿੰਦਰ ਸਿੰਘ ਧਨੌਲਾ

ਭੰਗੜਾ ਅਤੇ ਗਿੱਧਾ ਪੇਸ਼ ਕਰਦੇ ਹੋਏ ਸਕੂਲ ਦੇ ਹੋਣਹਾਰ ਵਿਦਿਆਰਥੀ ਅਤੇ ਵਿਦਿਆਰਥਣਾਂ। ਤਸਵੀਰ : ਜਤਿੰਦਰ ਸਿੰਘ ਧਨੌਲਾ

ਐਸ.ਡੀ. ਸਕੂਲ ਕੱਟੂ ਦਾ ਸਾਲਾਨਾ ਸਮਾਗਮ ਧੂਮਧਾਮ ਨਾਲ ਕਰਵਾਇਆ

ਧਨੌਲਾ, 8 ਦਸੰਬਰ (ਜਤਿੰਦਰ ਸਿੰਘ ਧਨੌਲਾ)-ਸ੍ਰੀ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੱਟੂ ਦੇ ਵਿਹੜੇ ਸਾਲਾਨਾ ਸਮਾਰੋਹ ਕਰਵਾਇਆ ਗਿਆ। ਸਮਾਗਮ ਦੌਰਾਨ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਅਤੇ ਡੀ.ਐਸ.ਪੀ. ਸਤਵੀਰ ਸਿੰਘ ਬਰਨਾਲਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਸਕੂਲ ਦੇ ਡਾਇਰੈਕਟਰ ਮੈਡਮ ਰਾਵਿੰਦਰ ਕੌਰ ਚੰਬਲ, ਡਾਇਰੈਕਟਰ ਭਗਵੰਤ ਸਿੰਘ ਧਾਲੀਵਾਲ ਅਤੇ ਪ੍ਰਿੰਸੀਪਲ ਅਰਚਨਾ ਦੱਤ ਅਤੇ ਸਮੂਹ ਸਟਾਫ਼ ਵਲੋਂ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਸਟੇਜ ਦੀ ਕਾਰਵਾਈ ਮੈਡਮ ਜਸਪ੍ਰੀਤ ਕੌਰ, ਮੈਡਮ ਮਨਪ੍ਰੀਤ ਕੌਰ ਤੇ ਸਕੂਲ ਦੇ ਵਿਦਿਆਰਥੀਆਂ ਵਲੋਂ ਕੀਤੀ ਗਈ। ਇਸ ਸਾਲਾਨਾ ਸਮਾਗਮ ਦਾ ਆਗਾਜ਼ ਗੁਰਬਾਣੀ ਦੇ ਸ਼ਬਦ ਗਾਇਨ ਨਾਲ ਕੀਤਾ ਗਿਆ। ਬਹੁਤ ਸਖ਼ਤ ਮਿਹਨਤ ਨਾਲ ਤਿਆਰ ਕੀਤੇ ਗਏ ਲੋਕ ਨਾਚ ਗਿੱਧਾ ਤੇ ਭੰਗੜਾ ਸਮਾਗਮ ਦੀ ਸਿਖਰ ਹੋ ਨਿੱਬੜਿਆ। ਡਾਇਰੈਕਟਰ ਮੈਡਮ ਰਵਿੰਦਰ ਚੰਬਲ ਵਲੋਂ ਸਕੂਲ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ ਗਈ। ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਅਤੇ ਡੀ.ਐਸ.ਪੀ. ਸਤਬੀਰ ਸਿੰਘ ਬੈਂਸ ਵਲੋਂ ਸਕੂਲ ਦੇ ਪ੍ਰਬੰਧਾਂ ਦੀ ਪੁਰਜ਼ੋਰ ਸਰਾਹਨਾ ਕਰਦਿਆਂ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਅਖੀਰ ਵਿਚ ਡਾਇਰੈਕਟਰ ਭਗਵੰਤ ਸਿੰਘ ਧਾਲੀਵਾਲ ਤੇ ਡਾਇਰੈਕਟਰ ਮੈਡਮ ਰਵਿੰਦਰ ਕੌਰ ਚੰਬਲ ਵਲੋਂ ਪੁੱਜੇ ਪਤਵੰਤਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਬਾਬਾ ਸੈਣਿ ਭਗਤ ਵੈੱਲਫੇਅਰ ਸੁਸਾਇਟੀ ਵਲੋਂ ਕਰਵਾਏ ਗਏ ਸਮਾਗਮ ਦੌਰਾਨ ਹਾਜ਼ਰ ਸੰਗਤਾਂ। ਅਜੀਤ ਤਸਵੀਰ

ਬਾਬਾ ਸੈਣਿ ਭਗਤ ਵੈੱਲਫੇਅਰ ਸੁਸਾਇਟੀ ਵਲੋਂ ਸਾਲਾਨਾ ਸਮਾਗਮ ਕਰਵਾਇਆ

ਬਰਨਾਲਾ, 8 ਦਸੰਬਰ (ਗੁਰਪ੍ਰੀਤ ਸਿੰਘ ਲਾਡੀ)-ਬਾਬਾ ਸੈਣਿ ਭਗਤ ਵੈੱਲਫੇਅਰ ਸੁਸਾਇਟੀ ਸੰਘੇੜਾ (ਬਰਨਾਲਾ) ਵਲੋਂ ਸਾਲਾਨਾ ਸਮਾਗਮ ਕਰਵਾਇਆ ਗਿਆ। ਜਿਸ ਵਿਚ ਇਲਾਕੇ ਦੀਆਂ ਸੰਗਤਾਂ ਬੜੀ ਸ਼ਰਧਾ ਭਾਵਨਾ ਨਾਲ ਪਹੁੰਚੀਆਂ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਜਥੇ ਵਲੋਂ ਸੰਗਤਾਂ ਨੂੰ ਕੀਰਤਨ ਸਰਵਣ ਕਰਵਾਇਆ ਗਿਆ। ਸਮਾਗਮ ਵਿਚ ਐਮ.ਪੀ. ਗੁਰਮੀਤ ਸਿੰਘ ਮੀਤ ਹੇਅਰ, ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਸਾਬਕਾ ਵਿਧਾਇਕ ਕੇਵਲ ਸਿੰਘ ਢਿੱਲੋਂ, 'ਆਪ' ਆਗੂ ਹਰਿੰਦਰ ਸਿੰਘ ਧਾਲੀਵਾਲ, ਓ.ਐਸ.ਡੀ. ਹਸਨਪ੍ਰੀਤ ਭਾਰਦਵਾਜ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸਾਬਕਾ ਐਮ.ਪੀ. ਐਡਵੋਕੇਟ ਰਾਜਦੇਵ ਸਿੰਘ ਖਾਲਸਾ, ਜਗਤਾਰ ਸਿੰਘ ਮੋਹਰ ਸਿੰਘ ਵਾਲਾ, ਹਰਿੰਦਰ ਨਿੱਕਾ, ਜਤਿੰਦਰ ਜਿੰਮੀ ਅਤੇ ਬਾਬਾ ਸਾਹਿਬ ਸਿੰਘ ਨੇ ਬਾਬਾ ਸੈਣਿ ਭਗਤ ਜੀ ਦੇ ਜੀਵਨ ਬਾਰੇ ਸੰਖੇਪ ਚਾਨਣਾ ਪਾਇਆ। ਸੁਸਾਇਟੀ ਦੇ ਪ੍ਰਧਾਨ ਬਲਦੇਵ ਸਿੰਘ ਅਤੇ ਸਟੇਜ ਸਕੱਤਰ ਸੁਰਿੰਦਰ ਸਿੰਘ ਜਸਧੌਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

ਮੀਟਿੰਗ ਕਰਨ ਮੌਕੇ ਬਾਗ਼ ਕਾਲੋਨੀ ਦੇ ਪਤਵੰਤੇ। ਤਸਵੀਰ : ਪ੍ਰਵੀਨ ਗਰਗ

ਇਲਾਕੇ ਦੀ ਸੁੱਖ ਸ਼ਾਂਤੀ ਲਈ ਧਾਰਮਿਕ ਸਮਾਗਮ ਕਰਵਾਉਣ ਸੰਬੰਧੀ ਕੀਤੀ ਮੀਟਿੰਗ

ਤਪਾ ਮੰਡੀ, 8 ਦਸੰਬਰ (ਪ੍ਰਵੀਨ ਗਰਗ)-ਇਲਾਕੇ ਦੀ ਸੁੱਖ ਸ਼ਾਂਤੀ ਅਤੇ ਖ਼ੁਸ਼ਹਾਲੀ ਨੂੰ ਮੁੱਖ ਰੱਖਦਿਆਂ ਧਾਰਮਿਕ ਸਮਾਗਮ ਕਰਵਾਉਣ ਸਬੰਧੀ ਬਾਗ਼ ਕਾਲੋਨੀ ਬਸਤੀ ਨਿਵਾਸੀਆਂ ਵਲੋਂ ਇਕ ਮੀਟਿੰਗ ਕੀਤੀ ਗਈ। ਜਿਸ ਵਿਚ ਕਾਲੋਨੀ ਦੇ ਸਮੂਹ ਨਿਵਾਸੀਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਉਨ੍ਹਾਂ ਦੋ ਰੋਜ਼ਾ ਧਾਰਮਿਕ ਸਮਾਗਮ ਕਰਵਾਉਣ ਸਬੰਧੀ ਵਿਚਾਰਾਂ ਕੀਤੀਆਂ। ਉਪਰੰਤ ਹਾਜ਼ਰ ਪਤਵੰਤਿਆਂ ਨੇ ਸ੍ਰੀ ਰਮਾਇਣ ਜੀ ਦੇ ਪਾਠ ਕਰਵਾਉਣ ਸਬੰਧੀ ਫ਼ੈਸਲਾ ਕੀਤਾ। ਜਿਸ 'ਤੇ ਸਮੂਹ ਪਤਵੰਤਿਆਂ ਨੇ ਆਪਣੀ ਸਹਿਮਤੀ ਪ੍ਰਗਟਾਈ। ਉਨ੍ਹਾਂ ਦੱਸਿਆ ਕਿ ਧਾਰਮਿਕ ਸਮਾਗਮ ਨੂੰ ਲੈ ਕੇ 16 ਦਸੰਬਰ ਦਿਨ ਸੋਮਵਾਰ ਨੂੰ ਸ੍ਰੀ ਰਮਾਇਣ ਪਾਠ ਜੀ ਦੇ ਸ਼ੁੱਭ ਆਰੰਭ ਕਰਵਾਏ ਜਾਣਗੇ ਜਿਸ ਦੇ ਭੋਗ 17 ਦਸੰਬਰ ਦਿਨ ਮੰਗਲਵਾਰ ਨੂੰ ਪਾਏ ਜਾਣਗੇ। ਉਪਰੰਤ ਭਜਨ ਮੰਡਲ ਵਲੋਂ ਰਸਭਿੰਨਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ ਜਾਵੇਗਾ। ਫ਼ਿਲਹਾਲ ਉਨ੍ਹਾਂ ਧਾਰਮਿਕ ਸਮਾਗਮ ਨੂੰ ਲੈ ਕੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਮੌਕੇ ਕੌਂਸਲਰ ਧਰਮਪਾਲ ਸ਼ਰਮਾ, ਲਵਲੀ ਮਹਿਰਾਜ ਵਾਲੇ, ਪਵਨ ਭੂਤ, ਤਰਸੇਮ ਲਾਲ ਭੋਲਾ ਢਿਲਵਾਂ, ਜੈਕੀ ਕੁਮਾਰ, ਸੁਖਪਾਲ ਸ਼ਰਮਾ, ਸੁਰੇਸ਼ ਕੁਮਾਰ, ਡਾ: ਅਮਿੱਤ ਕੁਮਾਰ, ਬੰਟੀ ਮਿੱਤਲ, ਟੀਟਾ ਮੌੜ, ਆਸ਼ੀਸ਼ ਮੌੜ, ਈਸ਼ਵਰ ਗੋਇਲ ਬੱਲਾ, ਕਮਲ ਕੁਮਾਰ, ਦੀਪੀ ਜਿੰਦਲ, ਮੰਗੂ ਮੌੜ, ਮਨੀਸ਼ ਸਿੰਗਲਾ, ਸੁਰੇਸ਼ ਚੰਦੇਲ, ਸੰਜੀਵ ਮੌੜ, ਭਿੰਦੀ ਮੌੜ, ਸੰਦੀਪ ਕੁਮਾਰ ਫੁਲੂ, ਕੇਵਲ ਪਤਾਸਿਆਂ ਵਾਲਾ, ਬਿੱਟੂ ਮੌੜ, ਰਤਨ ਕੁਮਾਰ, ਜੀਵਨ ਭੂਤ, ਡਾਕਟਰ ਭੋਲਾ, ਰਾਕੇਸ਼ ਕਪੂਰ, ਰਮਨੀਕ ਸ਼ਰਮਾ ਆਦਿ ਪਤਵੰਤੇ ਮੌਜੂਦ ਸਨ।

ਗੁਰੂ ਤੇਗ਼ ਬਹਾਦਰ ਜੀ ਨੇ ਮਾਨਵੀ ਹੱਕਾਂ ਲਈ ਸ਼ਹਾਦਤ ਦਿੱਤੀ - ਢਿੱਲੋਂ

ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਸਮੇਂ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਿਲਾਸਪੁਰ ਦੇ ਅਧਿਆਪਕ ਤੇ ਵਿਦਿਆਰਥੀ। ਤਸਵੀਰ : ਵਿਨੋਦ ਕਲਸੀ

ਭਦੌੜ, 8 ਦਸੰਬਰ (ਵਿਨੋਦ ਕਲਸੀ, ਰਜਿੰਦਰ ਬੱਤਾ)-ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਿਲਾਸਪੁਰ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਸਹਿਤ ਮਨਾਇਆ ਗਿਆ। ਇਸ ਸਮੇਂ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਨਾਲ ਸੰਬੰਧਿਤ ਧਾਰਮਿਕ ਫ਼ਿਲਮ ਦਿਖਾਉਣ ਉਪਰੰਤ ਬੱਚਿਆਂ ਨੇ ਮੂਲ ਮੰਤਰ ਦਾ ਪਾਠ ਕੀਤਾ। ਇਸ ਸਮੇਂ ਪ੍ਰਿੰਸੀਪਲ ਮਹਿੰਦਰ ਕੌਰ ਢਿੱਲੋਂ ਅਤੇ ਬਾਨੀ ਪ੍ਰਿੰਸੀਪਲ ਭੁਪਿੰਦਰ ਸਿੰਘ ਢਿੱਲੋਂ ਨੇ ਆਪਣੇ ਸੰਦੇਸ਼ ਵਿਚ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੇ ਮਨੁੱਖਤਾ ਨੂੰ ਨਵਾਂ ਰਸਤਾ ਦਿਖਾਇਆ ਹੈ। ਗੁਰੂ ਜੀ ਨੇ ਮਾਨਵੀ ਹੱਕਾਂ ਲਈ ਸ਼ਹਾਦਤ ਦਿੱਤੀ। ਉਹ ਸਾਰੇ ਧਰਮਾਂ ਦਾ ਸਤਿਕਾਰ ਕਰਦੇ ਸਨ ਅਤੇ ਉਨ੍ਹਾਂ ਦਾ ਮੰਤਵ ਸੀ ਕਿ ਹਰ ਇਨਸਾਨ ਨੂੰ ਆਪਣੇ ਧਰਮ ਨੂੰ ਮੰਨਣ ਦੀ ਪੂਰੀ ਖੁੱਲ੍ਹ ਹੋਣੀ ਚਾਹੀਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੌਜੂਦਾ ਸੰਸਾਰ ਦੇ ਲੋਕਾਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਜੀਵਨ ਸੰਗਰਾਮ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ ਤਾਂ ਕਿ ਵਿਸ਼ਵ ਦੇ ਲੋਕ ਆਪਸੀ ਪ੍ਰੇਮ, ਸਦਭਾਵਨਾ, ਸ਼ਾਂਤੀ ਅਤੇ ਮਿਲਵਰਤਨ ਨਾਲ ਸੋਹਣਾ ਜੀਵਨ ਬਸਰ ਕਰ ਸਕਣ। ਵਾਇਸ ਪ੍ਰਿੰਸੀਪਲ ਮੈਡਮ ਮੀਨਾ ਜੈਨ ਅਤੇ ਮੈਡਮ ਪੁਸ਼ਪਾ ਦੇਵੀ ਨੇ ਕਿਹਾ ਕਿ ਨੌਵੇਂ ਪਾਤਿਸ਼ਾਹ ਦੀ ਸ਼ਹਾਦਤ ਦੁਨੀਆ ਦੀ ਵਿਲੱਖਣ ਸ਼ਹਾਦਤ ਹੈ ਕਿਉਂਕਿ ਉਨ੍ਹਾਂ ਨੇ ਜੰਞੂ ਤਿਲਕ ਦੀ ਰਾਖੀ ਲਈ ਆਪਾ ਕੁਰਬਾਨ ਕਰ ਦਿੱਤਾ। ਪ੍ਰੋਗਰਾਮ ਅਫਸਰ ਗੁਰਚਰਨ ਸਿੰਘ ਰਾਮਾਂ ਨੇ ਕਿਹਾ ਕਿ ਗੁਰੂ ਜੀ ਦੀਆਂ ਸਿੱਖਿਆਵਾਂ ਅਜੋਕੇ ਵਿਸ਼ਵ ਲਈ ਮਾਰਗ ਦਰਸ਼ਕ ਹਨ। ਇਸ ਸਮੇਂ ਹੋਰਨਾਂ ਅਧਿਆਪਕਾਂ ਨੇ ਵੀ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੇ ਰੌਸ਼ਨੀ ਪਾਈ।

ਹੰਡਿਆਇਆ ਵਿਖੇ ਨਵੇਂ ਬਣ ਰਹੇ ਰਜਬਾਹੇ ਦਾ ਉਦਘਾਟਨ ਕਰਦੇ ਹੋਏ ਮੀਤ ਹੇਅਰ ਮੈਂਬਰ ਲੋਕ ਸਭਾ ਤੇ ਹੋਰ ਆਗੂ। ਤਸਵੀਰ ਗੁਰਜੀਤ ਸਿੰਘ ਖੁੱਡੀ

ਹੰਡਿਆਇਆ ਵਿਖੇ ਮੀਤ ਹੇਅਰ ਨੇ ਨਵੇਂ ਬਣ ਰਹੇ ਰਜਬਾਹੇ ਦਾ ਕੀਤਾ ਉਦਘਾਟਨ

ਹੰਡਿਆਇਆ, 8 ਦਸੰਬਰ (ਗੁਰਜੀਤ ਸਿੰਘ ਖੁੱਡੀ)-ਪੰਜਾਬ ਸਰਕਾਰ ਦੇ ਢਾਈ ਸਾਲਾਂ ਦੇ ਕਾਰਜਕਾਲ ਦੌਰਾਨ ਨਹਿਰੀ ਪਾਣੀ ਦੀ ਵਰਤੋਂ